# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:40

**ਮਿਤੀ : 02-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬਹਾਦਰ ਭਾਰਤੀ ਪਾਇਲਟ ਕੈਪਟਨ ਸਮਿਤ ਮੱਛਾਰ ਨਾਲ ਗੱਲਬਾਤ ਕੀਤੀ - ਸਮਿਤ ਨੇ ਕੱਲ੍ਹ ਦੁਬਈ ਤੋਂ ਤੇਲ ਅਵੀਵ ਜਾਣ ਵਾਲੀ ਉਡਾਣ 'ਤੇ ਕੀਤੇ ਗਏ ਹਮਲੇ ਨੂੰ ਨਾਕਾਮ ਕਰਕੇ, 180 ਲੋਕਾਂ ਦੀ ਜਾਨ ਬਚਾਈ ਸੀ।

- ਦੇਸ਼ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਅਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ।

- ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਅਮਰੀਕਾ ਵਿੱਚ, G-20 ਵਪਾਰ ਮੰਤਰੀਆਂ ਦੀ ਮੀਟਿੰਗ ਤੋਂ ਅਲੱਗ ਫਰਾਂਸ, ਕੈਨੇਡਾ, ਸਾਊਦੀ ਅਰਬ ਅਤੇ ਦੱਖਣੀ ਕੋਰੀਆ ਦੇ ਵਪਾਰ ਮੰਤਰੀਆਂ ਨਾਲ,

ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਦੁਵੱਲੀਆਂ ਮੀਟਿੰਗਾਂ ਕੀਤੀਆਂ।

- ਕੈਨੇਡਾ ਦੇ ਅੰਤਰਰਾਸ਼ਟਰੀ ਵਪਾਰ ਮੰਤਰੀ ਮਨਿੰਦਰ ਸਿੱਧੂ ਨੇ ਕਿਹਾ ਏ ਕਿ ਕੈਨੇਡਾ, ਊਰਜਾ, ਮਹੱਤਵਪੂਰਨ ਖਣਿਜਾਂ ਅਤੇ ਏਰੋਸਪੇਸ ਖੇਤਰਾਂ ਵਿੱਚ, ਭਾਰਤ ਨਾਲ ਮਿਲ ਕੇ ਕੰਮ ਕਰਨਾ ਚਾਹੁੰਦਾ ਏ।

- ਏਸ਼ੀਆਈ ਖੇਡਾਂ ਵਿੱਚ, ਮੁੱਕੇਬਾਜ਼ ਲਵਲੀਨਾ ਬੋਰਗੋਹਾਇਨ ਨੇ 75 ਕਿਲੋਗ੍ਰਾਮ ਵਰਗ ਵਿੱਚ ਇਤਿਹਾਸ ਰਚਦਿਆਂ, ਸੋਨੇ ਦਾ ਤਮਗਾ ਆਪਣੇ ਨਾਂ ਕੀਤਾ।

### *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬਹਾਦਰ ਭਾਰਤੀ ਪਾਇਲਟ ਕੈਪਟਨ ਸਮਿਤ ਮੱਛਾਰ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਦੁਬਈ ਤੋਂ ਤੇਲ ਅਵੀਵ ਜਾ ਰਹੀ 'ਫਲਾਈ-ਦੁਬਈ' ਦੀ ਉਡਾਣ ਦੌਰਾਨ, ਆਪਣੇ ਸਹਿ-ਪਾਇਲਟ ਵੱਲੋਂ ਕੀਤੇ ਗਏ ਹਮਲੇ ਨੂੰ ਨਾਕਾਮ ਕਰਕੇ 180 ਲੋਕਾਂ ਦੀ ਜਾਨ ਬਚਾਈ। ਕੈਪਟਨ ਮੱਛਾਰ ਨੇ ਪ੍ਰਧਾਨ ਮੰਤਰੀ ਨਾਲ ਆਪਣੇ ਤਜ਼ਰਬੇ ਬਾਰੇ

ਵਿਸਥਾਰ ਨਾਲ ਗੱਲਬਾਤ ਕੀਤੀ ਅਤੇ ਦੱਸਿਆ ਕਿ ਉਸ ਘਟਨਾ ਦੌਰਾਨ, ਉਨ੍ਹਾਂ ਨੂੰ ਕਿਸ ਚੀਜ਼ ਤੋਂ ਹਿੰਮਤ ਮਿਲੀ। ਪ੍ਰਧਾਨ ਮੰਤਰੀ ਨੇ ਉਨ੍ਹਾਂ ਦੀ ਬਹਾਦਰੀ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਛੇਤੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ।

**BYTE: PM**

-------------------------------------------------------

ਕੈਪਟਨ ਸਮਿਤ ਮੱਛਾਰ 'ਤੇ ਹਮਲਾ ਕਰਨ ਵਾਲੇ ਦੋਸ਼ੀ ਸਹਿ-ਪਾਇਲਟ ਨੂੰ ਅਬੂ ਧਾਬੀ ਭੇਜ ਦਿੱਤਾ ਗਿਆ ਏ। ਸਾਊਦੀ ਪ੍ਰੈੱਸ ਏਜੰਸੀ (SPA) ਨੇ ਸਾਊਦੀ ਗ੍ਰਹਿ ਮੰਤਰਾਲੇ ਦੇ ਅਧਿਕਾਰਤ ਸੂਤਰਾਂ ਦਾ ਹਵਾਲਾ ਦਿੰਦਿਆਂ ਦੱਸਿਆ ਏ ਕਿ, ਦੋਵੇਂ ਪਾਇਲਟ ਡਾਕਟਰੀ ਜਾਂਚ ਤੋਂ ਬਾਅਦ, ਅਬੂ ਧਾਬੀ ਲਈ ਰਵਾਨਾ ਹੋ ਗਏ। ਅਬੂ ਧਾਬੀ ਵਿੱਚ ਭਾਰਤੀ ਦੂਤਘਰ ਨੇ ਕੱਲ੍ਹ ਜਾਣਕਾਰੀ ਦਿੱਤੀ ਕਿ ਕੈਪਟਨ ਮੱਛਾਰ ਨੂੰ ਸੰਯੁਕਤ ਅਰਬ ਅਮੀਰਾਤ, UAE ਲਿਆਂਦਾ ਗਿਆ ਏ ਅਤੇ ਉਨ੍ਹਾਂ ਦੀ ਸਿਹਤ ਵਿੱਚ ਸੁਧਾਰ ਹੋ ਰਿਹਾ ਏ। SPA ਮੁਤਾਬਕ, UAE ਦੀ ਸੁਰੱਖਿਆ ਟੀਮ ਦੇ ਸਹਿਯੋਗ ਨਾਲ ਸਾਊਦੀ ਅਧਿਕਾਰੀਆਂ ਵੱਲੋਂ ਕੀਤੀ ਗਈ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇੱਕ ਝਗੜਾ ਹੋਇਆ ਸੀ, ਜਿਸ ਦੌਰਾਨ ਸਹਿ-ਪਾਇਲਟ ਨੇ ਕੈਪਟਨ 'ਤੇ ਹਮਲਾ ਕਰ ਦਿੱਤਾ, ਜਿਸ ਦੇ ਨਤੀਜੇ ਵਜੋਂ ਦੋਵੇਂ ਵਿਅਕਤੀ ਜ਼ਖ਼ਮੀ ਹੋ ਗਏ।

---

ਦੇਸ਼ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 157ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ । ਇਸ ਮੌਕੇ 'ਤੇ ਦੇਸ਼ ਭਰ ਵਿੱਚ ਅਤੇ ਵਿਦੇਸ਼ਾਂ ਵਿੱਚ ਭਾਰਤੀ ਮਿਸ਼ਨਾਂ ਵੱਲੋਂ ਵੀ ਕਈ ਪ੍ਰੋਗਰਾਮ ਕਰਵਾਏ ਜਾ ਰਹੇ ਨੇ।

ਗਾਂਧੀ ਜਯੰਤੀ ਦੇ ਮੌਕੇ 'ਤੇ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 157ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ ਦੇ ਜੀਵਨ ਅਤੇ ਆਦਰਸ਼ਾਂ ਦਾ ਦੁਨੀਆ ਭਰ ਵਿੱਚ ਸਤਿਕਾਰ ਕੀਤਾ ਜਾਂਦਾ ਏ। ਰਾਸ਼ਟਰਪਤੀ ਨੇ ਕਿਹਾ ਕਿ ਦੁਨੀਆ ਦੇ ਕਈ ਹਿੱਸਿਆਂ ਵਿੱਚ ਜੰਗ ਅਤੇ ਟਕਰਾਅ ਦੇ ਸੰਦਰਭ ਵਿੱਚ, ਗਾਂਧੀ ਜੀ ਦਾ ਸ਼ਾਂਤੀ ਤੇ ਅਹਿੰਸਾ ਦਾ ਸੰਦੇਸ਼ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਪ੍ਰਸੰਗਿਕ ਹੋ ਗਿਆ ਏ। ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਵੀ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ ਜਯੰਤੀ ਮੌਕੇ ਸ਼ਰਧਾਂਜਲੀ ਭੇਟ ਕੀਤੀ ਏ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗਾਂਧੀ ਜਯੰਤੀ ਮੌਕੇ ਨਵੀਂ ਦਿੱਲੀ ਵਿੱਚ ਮਹਾਤਮਾ ਗਾਂਧੀ ਦੀ ਸਮਾਧੀ ਰਾਜ ਘਾਟ ‘ਤੇ ਫੁੱਲਾਂ ਨਾਲ ਸ਼ਰਧਾਂਜਲੀ ਭੇਂਟ ਕੀਤੀ। ਰਾਜਘਾਟ ‘ਤੇ ਸਰਬ-ਧਰਮ ਪ੍ਰਾਰਥਨਾ ਸਭਾ ਕਰਾਈ ਜਾਏਗੀ। ਇਸ ਮੌਕੇ ਗੁਜਰਾਤ ਵਿੱਚ ਕਈ ਸਮਾਗਮ ਹੋ ਰਹੇ ਨੇ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਲੋਕ ਸਭਾ ਸਪੀਕਰ ਓਮ ਬਿਰਲਾ ਅਤੇ ਕੇਂਦਰੀ ਮੰਤਰੀ ਰਾਜਨਾਥ ਸਿੰਘ, ਜੇਪੀ ਨੱਡਾ, ਕਿਰਨ ਰਿਜਿਜੂ, ਅਰਜੁਨ ਰਾਮ ਮੇਘਵਾਲ, ਜਤਿੰਦਰ ਸਿੰਘ ਅਤੇ ਐਲ. ਮੁਰੂਗਨ ਨੇ ਅੱਜ ਨਵੀਂ ਦਿੱਲੀ ਦੇ ਸੰਵਿਧਾਨ ਸਦਨ ਵਿੱਚ, ਮਹਾਤਮਾ ਗਾਂਧੀ ਅਤੇ ਲਾਲ ਬਹਾਦੁਰ ਸ਼ਾਸਤਰੀ ਨੂੰ ਸ਼ਰਧਾਂਜਲੀ ਭੇਂਟ ਕੀਤੀ। ਬੀਜੇਪੀ ਪ੍ਰਧਾਨ ਨਿਤਿਨ ਨਬੀਨ, ਕਾਂਗਰਸ ਪ੍ਰਧਾਨ ਅਤੇ ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਮਲਿਕਾਰਜੁਨ ਖੜਗੇ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਸੰਸਦ ਮੈਂਬਰ, ਸੰਸਦ ਦੇ ਸੀਨੀਅਰ ਅਧਿਕਾਰੀ ਅਤੇ ਸਕੂਲੀ ਵਿਦਿਆਰਥੀ ਵੀ ਸ਼ਰਧਾਂਜਲੀ ਭੇਟ ਕਰਨ ਲਈ ਪਹੁੰਚੇ।

---------------------------------------------------------------------

ਦੇਸ਼ ਅੱਜ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਉਨ੍ਹਾਂ ਦੀ 122ਵੀਂ ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ। ਉਨ੍ਹਾਂ ਦਾ ਜਨਮ 2 ਅਕਤੂਬਰ 1904 ਨੂੰ ਪੰਡਿਤ ਦੀਨ ਦਿਆਲ ਉਪਾਧਿਆਏ ਨਗਰ, ਜਿਸ ਨੂੰ ਪਹਿਲਾਂ ਉੱਤਰ ਪ੍ਰਦੇਸ਼ ਵਿੱਚ ਮੁਗਲਸਰਾਏ ਵਜੋਂ ਜਾਣਿਆ ਜਾਂਦਾ ਸੀ, ਵਿਚ ਹੋਇਆ ਸੀ। ਉਹ ਛੋਟੀ ਉਮਰ ਵਿਚ ਦੇਸ਼  ਦੇ ਆਜ਼ਾਦੀ ਸੰਗਰਾਮ ਵਿੱਚ ਸ਼ਾਮਲ ਹੋਏ ਅਤੇ 1921 ਵਿੱਚ ਅਸਹਿਯੋਗ ਅੰਦੋਲਨ ਵਿੱਚ ਹਿੱਸਾ ਲਿਆ।

ਆਜ਼ਾਦੀ ਤੋਂ ਬਾਅਦ, ਸ਼ਾਸਤਰੀ ਜੀ ਨੇ ਉੱਤਰ ਪ੍ਰਦੇਸ਼ ਅਤੇ  ਬਾਅਦ ਵਿੱਚ ਕੇਂਦਰ ਸਰਕਾਰ ਵਿੱਚ ਕਈ ਮਹੱਤਵਪੂਰਨ ਅਹੁਦਿਆਂ 'ਤੇ ਕੰਮ ਕੀਤਾ।

---------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਵਿੱਚ ਵਿਜੇ ਘਾਟ ਵਿਖੇ, ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਨੂੰ ਉਨ੍ਹਾਂ ਦੀ 122ਵੀਂ ਜਯੰਤੀ ਮੌਕੇ ਸ਼ਰਧਾਂਜਲੀ ਭੇਟ ਕੀਤੀ ਏ।

---------------------------------------------

ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਕਿਹਾ ਏ ਕਿ ਵਿਸ਼ਵ ਸ਼ਾਂਤੀ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਅਣਥੱਕ ਯਤਨਾਂ ਦੀ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਵੱਲੋਂ ਕੀਤੀ ਗਈ ਸ਼ਲਾਘਾ ਨਾਲ ਹਰੇਕ ਭਾਰਤੀ ਨੂੰ ਮਾਣ ਮਹਿਸੂਸ ਹੋ ਰਿਹਾ ਏ। ਸ੍ਰੀ ਸ਼ਾਹ ਨੇ ਕਿਹਾ ਕਿ ਮਹਾਤਮਾ ਗਾਂਧੀ ਦੀ ਜਯੰਤੀ ਮੌਕੇ ਆਇਆ ਸ੍ਰੀ ਪੁਤਿਨ ਦਾ ਇਹ ਬਿਆਨ ਦਰਸਾਉਂਦਾ ਏ ਕਿ ਸ੍ਰੀ ਮੋਦੀ ਦੀ ਅਗਵਾਈ ਹੇਠ ਭਾਰਤ, ਦੁਨੀਆ ਵਿਚ ਅਮਨ-ਅਮਾਨ ਲਈ ਭਰੋਸੇਮੰਦ ਆਵਾਜ਼ ਵਜੋਂ ਉਭਰਿਆ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਗ੍ਰਿਹ ਮੰਤਰੀ ਨੇ ਕਿਹਾ ਕਿ ਜੰਗਾਂ, ਟਕਰਾਆਂ ਅਤੇ ਬਦਅਮਨੀ ਵਾਲੇ ਮੌਜੂਦਾ ਦੌਰ ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਇਹ ਸੁਨੇਹਾ ਦਿੱਤਾ ਏ ਕਿ ਹੱਲ ਜੰਗ ਦੇ ਮੈਦਾਨਾਂ ਤੋਂ ਨਹੀਂ, ਸਗੋਂ ਸੰਵਾਦ ਤੇ ਕੂਟਨੀਤੀ ਰਾਹੀਂ ਨਿਕਲਦੇ ਨੇ। ਉਨ੍ਹਾਂ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਭਾਰਤ ਨੇ ਜੰਗ ਹੋਵੇ ਜਾਂ ਆਫ਼ਤ, ਹਰ ਸਥਿਤੀ ਵਿੱਚ ਹਮੇਸ਼ਾ ਮਦਦ ਅਤੇ ਸਹਾਇਤਾ ਲਈ ਅੱਗੇ ਵਧ ਕੇ ਕਦਮ ਚੁੱਕਿਆ ਏ।

---------------------------------------------------------------

ਕੇਂਦਰੀ ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਅਮਰੀਕਾ ਦੇ ਮਿਲਵਾਕੀ ਵਿੱਚ ਜੀ-20 ਵਪਾਰ ਮੰਤਰੀਆਂ ਦੀ ਬੈਠਕ ਤੋਂ ਇਲਾਵਾ ਫਰਾਂਸ, ਕੈਨੇਡਾ, ਸਾਊਦੀ ਅਰਬ ਅਤੇ ਦੱਖਣੀ ਕੋਰੀਆ ਦੇ ਵਪਾਰ ਮੰਤਰੀਆਂ ਨਾਲ ਦੁਵੱਲੀਆਂ ਬੈਠਕਾਂ ਕੀਤੀਆਂ।

ਫਰਾਂਸ ਦੇ ਵਿਦੇਸ਼ ਵਪਾਰ ਅਤੇ ਆਰਥਿਕ ਮਾਮਲਿਆਂ ਦੇ ਮੰਤਰੀ ਨਿਕੋਲਸ ਫੋਰੀਸਿਏ ਨਾਲ ਮੀਟਿੰਗ ਵਿੱਚ ਸ੍ਰੀ ਗੋਇਲ ਨੇ ਵਪਾਰ ਅਤੇ ਨਿਵੇਸ਼ ਵਧਾਉਣ, ਭਾਰਤ-ਯੂਰਪੀ ਸੰਘ ਮੁਕਤ ਵਪਾਰ ਸਮਝੌਤੇ ਨੂੰ ਜਲਦੀ ਪੂਰਾ ਕਰਨ ਅਤੇ ਹਵਾਈ ਜਹਾਜ਼ ਨਿਰਮਾਣ, ਯੂ.ਪੀ.ਆਈ ਦੇ  ਏਕੀਕਰਨ ਅਤੇ ਸਾਂਝੀ ਨਵੀਨਤਾ ਦੇ ਖੇਤਰਾਂ ਵਿੱਚ ਸਹਿਯੋਗ ਵਧਾਉਣ ਬਾਰੇ ਚਰਚਾ ਕੀਤੀ। ਕੈਨੇਡਾ ਦੇ ਅੰਤਰਰਾਸ਼ਟਰੀ ਵਪਾਰ ਮੰਤਰੀ ਮਨਿੰਦਰ ਸਿੱਧੂ ਨਾਲ ਮੀਟਿੰਗ ਵਿੱਚ ਦੋਵਾਂ ਦੇਸ਼ਾਂ ਨੇ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ-ਸੀਈਪੀਏ ਬਾਰੇ ਜਾਰੀ ਗੱਲਬਾਤ ਦੀ ਸਮੀਖਿਆ ਕੀਤੀ ਅਤੇ ਇਸ ਨੂੰ ਜਲਦੀ ਅੱਗੇ ਵਧਾਉਣ ਦੀ  ਵਚਨਬੱਧਤਾ ਨੂੰ ਦੁਹਰਾਇਆ। ਸਾਊਦੀ ਅਰਬ ਦੇ ਵਣਜ ਮੰਤਰੀ ਮਾਜਿਦ ਬਿਨ ਅਬਦੁੱਲਾ ਅਲ-ਕਸਾਬੀ ਨਾਲ ਮੀਟਿੰਗ ਵਿੱਚ ਸ੍ਰੀ ਗੋਇਲ ਨੇ ਭਾਰਤ ਅਤੇ ਖਾੜੀ ਸਹਿਯੋਗ ਕੌਂਸਲ ਵਿਚਾਲੇ ਮੁਕਤ ਵਪਾਰ ਸਮਝੌਤੇ ਲਈ ਜਾਰੀ ਗੱਲਬਾਤ ਦੀ ਪ੍ਰਗਤੀ ਬਾਰੇ ਚਰਚਾ ਕੀਤੀ। ਦੱਖਣੀ ਕੋਰੀਆ ਦੇ ਵਪਾਰ ਮੰਤਰੀ ਪਾਰਕ ਜੰਗ-ਸੁੰਗ ਨਾਲ ਬੈਠਕ ਵਿੱਚ ਭਾਰਤ-ਦੱਖਣੀ ਕੋਰੀਆ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ ਨੂੰ ਉੱਨਤ ਬਣਾਉਣ ਦੇ ਪ੍ਰਸਤਾਵ ਬਾਰੇ ਚਰਚਾ ਹੋਈ।

-----------------------------------------------------------

ਕੈਨੇਡਾ ਦੇ ਅੰਤਰਰਾਸ਼ਟਰੀ ਵਪਾਰ ਮੰਤਰੀ ਮਨਿੰਦਰ ਸਿੱਧੂ ਨੇ ਕਿਹਾ ਏ ਕਿ ਕੈਨੇਡਾ ਊਰਜਾ, ਮਹੱਤਵਪੂਰਨ ਖਣਿਜਾਂ ਅਤੇ ਏਅਰੋਸਪੇਸ ਖੇਤਰਾਂ ਵਿੱਚ ਭਾਰਤ ਨਾਲ ਮਿਲ ਕੇ ਕੰਮ ਕਰਨਾ ਚਾਹੁੰਦਾ ਏ। ਇਸ ਨਾਲ ਭਾਰਤ ਦੇ ਆਰਥਿਕ ਵਿਕਾਸ ਵਿੱਚ ਮਦਦ ਮਿਲ ਸਕਦੀ ਏ। ਮਿਲਵੌਕੀ ਵਿੱਚ ਜੀ-20 ਵਪਾਰ ਮੰਤਰੀਆਂ ਦੀ ਬੈਠਕ ਦੇ ਮੌਕੇ 'ਤੇ ਸ੍ਰੀ ਸਿੱਧੂ ਨੇ ਕਿਹਾ ਕਿ ਭਾਰਤ ਦੀਆਂ ਵਧਦੀਆਂ ਊਰਜਾ ਜ਼ਰੂਰਤਾਂ ਅਤੇ ਸਪਲਾਈ ਲੜੀਆਂ ਵਿੱਚ ਵੰਨ-ਸੁਵੰਨਤਾ ਲਿਆਉਣ ਦੇ ਯਤਨ ਦੋਵਾਂ ਦੇਸ਼ਾਂ ਲਈ ਮਹੱਤਵਪੂਰਨ ਮੌਕੇ ਬਣਾ ਰਹੇ ਨੇ। ਉਨ੍ਹਾਂ ਕਿਹਾ ਕਿ ਦੋਵਾਂ ਦੇਸ਼ਾਂ ਦਾ ਟੀਚਾ ਅਗਲੇ ਪੰਜ ਸਾਲਾਂ ਵਿੱਚ ਦੁਵੱਲੇ ਵਪਾਰ ਨੂੰ 30 ਅਰਬ ਡਾਲਰ ਤੋਂ ਵਧਾ ਕੇ 70 ਅਰਬ ਡਾਲਰ ਤੱਕ ਕਰਨਾ ਏ। ਸ੍ਰੀ ਸਿੱਧੂ ਨੇ ਦੱਸਿਆ ਕਿ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ ਲਈ ਗੱਲਬਾਤ ਦਾ ਪੰਜਵਾਂ ਦੌਰ ਸੋਮਵਾਰ ਨੂੰ ਓਟਾਵਾ ਵਿੱਚ ਸ਼ੁਰੂ ਹੋਵੇਗਾ।

-----------------------------------------------------------

ਏਸ਼ੀਆਈ ਖੇਡਾਂ ਵਿੱਚ ਭਾਰਤ ਦਾ ਸ਼ਾਨਦਾਰ ਪ੍ਰਦਰਸ਼ਨ ਅੱਜ ਵੀ ਜਾਰੀ ਏ। ਮੁੱਕੇਬਾਜ਼ੀ ਵਿੱਚ ਲਵਲੀਨਾ ਬੋਰਗੋਹਾਇਨ ਨੇ 75 ਕਿਲੋਗ੍ਰਾਮ ਵਰਗ ਵਿੱਚ ਇਤਿਹਾਸਕ ਸੋਨੇ ਦਾ ਤਮਗਾ ਆਪਣੇ ਨਾਂ ਕੀਤਾ। ਲਵਲੀਨਾ ਨੇ ਚੀਨ ਦੀ ਬਾਓ ਡ਼ੀਈ ਨੂੰ ਹਰਾ ਕੇ, 12 ਸਾਲਾਂ ਦੇ ਵਕਫੇ ਤੋਂ ਬਾਅਦ ਮਹਿਲਾ ਮੁੱਕੇਬਾਜ਼ੀ ਵਿੱਚ ਭਾਰਤ ਲਈ ਸੋਨੇ ਦਾ ਤਮਗਾ ਹਾਸਲ ਕੀਤਾ। ਏਸ਼ੀਆਈ

ਖੇਡਾਂ ਵਿੱਚ ਮਹਿਲਾ ਮੁੱਕੇਬਾਜ਼ੀ ਵਿੱਚ ਭਾਰਤ ਦਾ ਇਹ ਦੂਜਾ ਸੋਨੇ ਦਾ ਤਮਗਾ ਏ. ਇਸ ਤੋਂ ਪਹਿਲਾਂ ਮੈਰੀ ਕੋਮ ਨੇ 2014 ਵਿੱਚ ਸੋਨੇ ਦਾ ਤਮਗਾ ਜਿੱਤਿਆ ਸੀ।

ਭਾਰਤੀ ਮਹਿਲਾ ਰਿਕਰਵ ਤੀਰਅੰਦਾਜ਼ੀ ਟੀਮ ਨੇ 10 ਵਾਰ ਦੀ ਓਲੰਪਿਕ ਚੈਂਪੀਅਨ ਦੱਖਣੀ ਕੋਰੀਆ ਦੀ ਟੀਮ ਨੂੰ 5-3 ਨਾਲ ਹਰਾ ਕੇ, ਆਪਣਾ ਪਹਿਲਾ ਸੋਨੇ ਦਾ ਤਮਗਾ ਜਿੱਤਿਆ।

ਭਾਰਤ 12 ਸੋਨੇ ਦੇ, 25 ਚਾਂਦੀ ਦੇ ਅਤੇ 34 ਕਾਂਸੀ ਦੇ ਤਮਗਿਆਂ ਸਮੇਤ ਕੁੱਲ੍ਹ 71 ਤਮਗਿਆਂ ਨਾਲ ਤਮਗਾ ਸੂਚੀ ਵਿੱਚ 6ਵੇਂ ਸਥਾਨ 'ਤੇ ਪਹੁੰਚ ਗਿਆ ਏ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬਹਾਦਰ ਭਾਰਤੀ ਪਾਇਲਟ ਕੈਪਟਨ ਸਮਿਤ ਮੱਛਾਰ ਨਾਲ ਗੱਲਬਾਤ ਕੀਤੀ - ਸਮਿਤ ਨੇ ਕੱਲ੍ਹ ਦੁਬਈ ਤੋਂ ਤੇਲ ਅਵੀਵ ਜਾਣ ਵਾਲੀ ਉਡਾਣ 'ਤੇ ਕੀਤੇ ਗਏ ਹਮਲੇ ਨੂੰ ਨਾਕਾਮ ਕਰਕੇ, 180 ਲੋਕਾਂ ਦੀ ਜਾਨ ਬਚਾਈ ਸੀ।

- ਦੇਸ਼ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਅਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ।

- ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਅਮਰੀਕਾ ਵਿੱਚ, G-20 ਵਪਾਰ ਮੰਤਰੀਆਂ ਦੀ ਮੀਟਿੰਗ ਤੋਂ ਅਲੱਗ ਫਰਾਂਸ, ਕੈਨੇਡਾ, ਸਾਊਦੀ ਅਰਬ ਅਤੇ ਦੱਖਣੀ ਕੋਰੀਆ ਦੇ ਵਪਾਰ ਮੰਤਰੀਆਂ ਨਾਲ, ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਦੁਵੱਲੀਆਂ ਮੀਟਿੰਗਾਂ ਕੀਤੀਆਂ।

- ਕੈਨੇਡਾ ਦੇ ਅੰਤਰਰਾਸ਼ਟਰੀ ਵਪਾਰ ਮੰਤਰੀ ਮਨਿੰਦਰ ਸਿੱਧੂ ਨੇ ਕਿਹਾ ਏ ਕਿ ਕੈਨੇਡਾ, ਊਰਜਾ, ਮਹੱਤਵਪੂਰਨ ਖਣਿਜਾਂ ਅਤੇ ਏਰੋਸਪੇਸ ਖੇਤਰਾਂ ਵਿੱਚ, ਭਾਰਤ ਨਾਲ ਮਿਲ ਕੇ ਕੰਮ ਕਰਨਾ ਚਾਹੁੰਦਾ ਏ।

- ਏਸ਼ੀਆਈ ਖੇਡਾਂ ਵਿੱਚ, ਮੁੱਕੇਬਾਜ਼ ਲਵਲੀਨਾ ਬੋਰਗੋਹਾਇਨ ਨੇ 75 ਕਿਲੋਗ੍ਰਾਮ ਵਰਗ ਵਿੱਚ ਇਤਿਹਾਸ ਰਚਦਿਆਂ, ਸੋਨੇ ਦਾ ਤਮਗਾ ਆਪਣੇ ਨਾਂ ਕੀਤਾ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**